**POSTER MAKING COMPETITION**

**Department of Agriculture**

On the occasion of Teachers' Day, the Department of Agriculture, in collaboration with the Agrarian Society, organized a poster competition on the theme- “Climate Change” on 05-09-2024. The event was judged by Dr. Mandeep Kaur, Head of the Department of Chemistry, and Dr. Gurpreet Kaur Rekhi from the Department of English. Varneet Kaur, Parminder Kaur, and Himani were awarded first, second, and third prizes, respectively, while Aastha and Shweta received consolation prizes. Under the guidance of Prof. Bhawna Thakur, head, Department of agriculture, Prof. Kirandeep Kaur and Prof. Sanampreet conducted the event. Dr. Jasvir Singh, principal, Sri Guru Teg Bahadur Khalsa College, Sri Anandpur Sahib distributed the prizes to the winners and motivated and appreciated the students for more participation. **25** students participated in this competition.




PRIZE DISTRIBUTION

# ਖਾਲਸਾ ਕਾਲਜ ਦੇ ਖੇਤੀਬਾੜੀ ਵਿਭਾਗ ਨੇ ਕਰਵਾਏ ਪੋਸਟਰ ਮੇਕਿੰਗ ਮੁਕਾਬਲੇ

## ਜੇਤੂ ਵਿਦਿਆਰਥੀਆਂ ਨੂੰ ਕੀਤਾ ਗਿਆ ਸਨਮਾਨਿਤ

ਸ੍ਰੀ ਅਨੰਦਪੁਰ ਸਾਹਿਬ, 7 ਸਤੰਬਰ (ਚਾਨਾ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਥਾਨਕ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਖੇਤੀਬਾੜੀ ਵਿਭਾਗ ਨੇ ਐਂਗਰੇਰੀਅਨ ਸੁਸਾਇਟੀ ਦੇ ਸਹਿਯੋਗ ਨਾਲ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ। ਇਸ ਪੋਸਟਰ ਮੇਕਿੰਗ ਮੁਕਾਬਲੇ ਦਾ ਵਿਸ਼ਾ ਕੁਦਰਤੀ ਬਦਲਾਵ ਸੀ। ਇਸ ਵਿੱਚ ਬੀ.ਐਸ. ਸੀ ਐਗਰੀਕਲਚਰ ਅਤੇ ਬੀ.ਵਾਕ.ਫੂਡ ਪ੍ਰੋਸੈਸਿੰਗ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਵਰਨੀਤ ਕੌਰ ਨੇ ਪਹਿਲਾ ਸਥਾਨ, ਪਰਮਿੰਦਰ ਕੌਰ ਨੇ ਦੂਜਾ ਸਥਾਨ ਅਤੇ ਹਿਮਾਨੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਦੋ ਵਿਦਿਆਰਥੀ ਆਸਥਾ ਅਤੇ ਸ਼ਵੇਤਾ ਨੂੰ ਕੌਂਸਲੇਸ਼ਨ ਇਨਾਮ ਦਿੱਤਾ ਗਿਆ।



ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ ਜਸਵੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਆਖਦਿਆਂ ਕਿਹਾ ਕਿ ਇਹੋ ਜਿਹੇ ਮੌਕੇ ਜਿੱਥੇ ਵਿਦਿਆਰਥੀ ਆਪਣੀ ਦੀ ਕਲਾ ਦਾ ਪ੍ਰਦਰਸ਼ਨ ਕਰਦੇ ਹਨ ਉੱਥੇ ਹੀ ਇਹ ਗਤੀਵਿਧੀਆਂ ਉਹਨਾਂ ਨੂੰ ਬਾਕੀ ਵਿਦਿਆਰਥੀਆਂ ਤੋਂ ਵੱਖਰਾ ਕਰਦੀਆਂ ਹਨ। ਇਸ ਮੌਕੇ ਡਾ. ਮਨਦੀਪ ਕੌਰ ਮੁਖੀ ਕਮਿਸਟਰੀ ਵਿਭਾਗ ਅਤੇ ਡਾ. ਗੁਰਪ੍ਰੀਤ ਕੌਰ ਰੇਖੀ ਅੰਗਰੇਜ਼ੀ ਵਿਭਾਗ ਨੇ ਜੱਜ ਦੀ ਭੂਮਿਕਾ ਨਿਭਾਈ। ਇਹ ਮੁਕਾਬਲੇ ਖੇਤੀਬਾੜੀ ਵਿਭਾਗ ਦੇ ਮੁਖੀ ਪ੍ਰੋ. ਭਾਵਨਾ ਠਾਕੁਰ ਦੀ ਅਗਵਾਈ ਹੇਠ ਅਤੇ ਪ੍ਰੋ. ਕਿਰਨਦੀਪ ਕੌਰ ਅਤੇ ਪ੍ਰੋ. ਸਨਮਪ੍ਰੀਤ ਭਾਰਦਵਾਦ ਦੇ ਸਹਿਯੋਗ ਨਾਲ ਆਯੋਜਿਤ ਕੀਤੇ ਗਏ। ਇਸ ਮੌਕੇ ਡਾ. ਪਰਮਪ੍ਰੀਤ ਸਿੰਘ ਤੇ ਖੇਤੀਬਾੜੀ ਵਿਭਾਗ ਦੇ ਪ੍ਰੋ. ਕਮਲ ਕੁਮਾਰ, ਪ੍ਰੋ. ਸਰਵਣ ਕੁਮਾਰ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਯਸ਼ਪ੍ਰੀਤ ਕੌਰ ਅਤੇ ਪ੍ਰੋ. ਹਰਪ੍ਰੀਤ ਕੌਰ ਵੀ ਮੌਜੂਦ ਸਨ।

NEWSPAPER CUTTING